# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ : 22-09-2025**

ਅੱਜ ਤੋਂ ਦੇਸ਼ ਭਰ ਵਿੱਚ ਨਵੀਆਂ GST ਦਰਾਂ ਲਾਗੂ ਹੋ ਗਈਆਂ ਨੇ। ਪ੍ਰਧਾਨ ਨਰੇਂਦਰ ਮੰਤਰੀ ਮੋਦੀ ਨੇ ਨਵੇਂ GST ਸੁਧਾਰਾਂ ਬਾਰੇ ਕੱਲ੍ਹ ਰਾਸ਼ਟਰ ਨੂੰ ਆਪਣੇ ਸੰਬੋਧਨ ਵਿੱਚ ਵਸਤੂ ਤੇ ਸੇਵਾ ਟੈਕਸ (GST) ਵਿੱਚ ਬਦਲਾਅ ਨੂੰ ਅਗਲੀ ਪੀੜ੍ਹੀ ਦੇ ਸੁਧਾਰ ਵਜੋਂ ਦੱਸਿਆ ਏ ਜੋ ਭਾਰਤ ਦੀ ਆਰਥਿਕਤਾ ਨੂੰ ਹੁਲਾਰਾ ਦੇਣਗੇ ਅਤੇ ਦੇਸ਼ ਭਰ ਦੇ ਮੱਧ ਵਰਗ, ਨੌਜਵਾਨਾਂ ਅਤੇ ਖਪਤਕਾਰਾਂ ਨੂੰ ਰਾਹਤ ਮਿਲੇਗੀ। ਉਹਨਾਂ ਕਿਹਾ ਕਿ ਨਵੀਆਂ GST ਦਰਾਂ ਸਿਰਫ਼ ਟੈਕਸ ਕਟੌਤੀ ਨਹੀਂ ਨੇ, ਸਗੋਂ ਇੱਕ GST ਬਚਤ ਉਤਸਵ ਨੇ ਜੋ ਰੋਜ਼ਾਨਾ ਵਰਤੋਂ ਦੀਆਂ ਜ਼ਰੂਰੀ ਚੀਜ਼ਾਂ ਦੀ ਕੀਮਤ ਘਟਾਏਗਾ ਅਤੇ ਖਪਤ-ਅਧਾਰਤ ਵਿਕਾਸ ਨੂੰ ਵਧਾਏਗਾ। ਸ਼੍ਰੀ ਮੋਦੀ ਨੇ ਕਿਹਾ ਕਿ ਇਨ੍ਹਾਂ ਸੁਧਾਰਾਂ ਨਾਲ ਦੇਸ਼ ਦੀ ਵਿਕਾਸ ਕਹਾਣੀ ਬਦਲ ਜਾਵੇਗੀ... byte

ਨੌਂ ਦਿਨਾਂ ਤੱਕ ਚੱਲਣ ਵਾਲਾ ਨਰਾਤਿਆਂ ਦਾ ਤਿਉਹਾਰ ਅੱਜ ਤੋਂ ਸ਼ੁਰੂ ਹੋ ਗਿਆ ਏ। ਨਰਾਤੇ,  ਦੇਵੀ ਦੁਰਗਾ ਅਤੇ ਓਹਨਾਂ ਦੇ ਨੌਂ ਅਵਤਾਰਾਂ, ਜਿਨ੍ਹਾਂ ਨੂੰ ਨਵਦੁਰਗਾ ਕਿਹਾ ਜਾਂਦਾ ਏ ਦੀ ਪੂਜਾ ਨੂੰ ਸਮਰਪਿਤ ਨੇ । ਇਹ ਤਿਉਹਾਰ ਦੁਸਹਿਰੇ ਦੇ ਨਾਲ ਸਮਾਪਤ ਹੋਵੇਗਾ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਲੋਕਾਂ ਨੂੰ ਨਰਾਤਿਆਂ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਨੇ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਉਮੀਦ ਪ੍ਰਗਟਾਈ ਕਿ ਹਿੰਮਤ, ਸੰਜਮ ਅਤੇ ਦ੍ਰਿੜਤਾ ਦੀ ਸ਼ਰਧਾ ਨਾਲ ਭਰਿਆ ਇਹ ਪਵਿੱਤਰ ਤਿਉਹਾਰ, ਸਾਰਿਆਂ ਦੇ ਜੀਵਨ ਵਿੱਚ ਨਵੀਂ ਤਾਕਤ ਅਤੇ ਨਵਾਂ ਵਿਸ਼ਵਾਸ ਲਿਆਏਗਾ। ਸ਼੍ਰੀ ਮੋਦੀ ਨੇ ਕਾਮਨਾ ਕੀਤੀ ਕਿ ਦੇਵੀ ਮਾਂ ਦੇ ਪਿਆਰ ਅਤੇ ਆਸ਼ੀਰਵਾਦ ਨਾਲ, ਸਾਰਿਆਂ ਦਾ ਜੀਵਨ, ਚੰਗੀ ਕਿਸਮਤ ਅਤੇ ਸਿਹਤ ਨਾਲ ਭਰਿਆ ਰਹੇ। ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਨਰਾਤਿਆਂ

ਦੀ ਸ਼ੁਰੂਆਤ ਮੌਕੇ ਸਾਰਿਆਂ ਨੂੰ ਵਧਾਈ ਦਿੱਤੀ ਏ। ਇੱਕ ਸੋਸ਼ਲ ਮੀਡੀਆ ਪੋਸਟ 'ਚ ਉਹਨਾਂ ਕਾਮਨਾ ਕੀਤੀ ਕਿ ਮਾਤਾ ਰਾਣੀ ਦੀ ਕਿਰਪਾ ਸਾਰਿਆਂ 'ਤੇ ਬਣੀ ਰਹੇ।

--------------------------------------------------------------------

ਪੰਜਾਬ ਵਿੱਚ ਹੜ੍ਹਾਂ ਤੋਂ ਬਾਅਦ ਸੂਬਾ ਸਰਕਾਰ ਨੇ ਪਸ਼ੂਆਂ ਨੂੰ ਗਲਘੋਟੂ ਬਿਮਾਰੀ ਤੋਂ ਬਚਾਉਣ ਲਈ ਸਿਰਫ਼ ਇੱਕ ਹਫ਼ਤੇ ਵਿੱਚ ਇਕ ਲੱਖ 75 ਹਜ਼ਾਰ ਤੋਂ ਵੱਧ ਪਸ਼ੂਆਂ ਦੇ ਟੀਕਾਕਰਨ ਲਈ ਮੁਹਿੰਮ ਚਲਾਈ ਏ। ਇਹ ਜਾਣਕਾਰੀ ਸਾਂਝੀ ਕਰਦਿਆਂ, ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਹੜ੍ਹ ਪ੍ਰਭਾਵਿਤ ਜ਼ਿਲ੍ਹਿਆਂ ਦੇ 713 ਪਿੰਡਾਂ ਨੂੰ ਕਵਰ ਕਰਨ ਵਾਲੀ ਇਸ ਮੁਹਿੰਮ ਦੇ ਮੁਕੰਮਲ ਹੋਣ ਨਾਲ ਪਸ਼ੂਆਂ ਨੂੰ ਸੰਭਾਵੀ ਬਿਮਾਰੀਆਂ ਤੋਂ ਬਚਾਉਣ ਵਿੱਚ ਕਾਫ਼ੀ ਮਦਦ ਮਿਲੇਗੀ। ਮੰਤਰੀ ਨੇ ਕਿਹਾ ਕਿ 14 ਸਤੰਬਰ ਨੂੰ ਸ਼ੁਰੂ ਹੋਈ ਇਹ ਮੁਹਿੰਮ, ਸੂਬੇ ਦੀ ਹੜ੍ਹ ਤੋਂ ਬਾਅਦ ਦੀ ਮੁੜ ਵਸੇਬਾ ਯੋਜਨਾ ਦਾ ਇੱਕ ਮਹੱਤਵਪੂਰਨ ਹਿੱਸਾ ਏ। ਵਿਭਾਗ ਦੇ ਅਧਿਕਾਰੀਆਂ ਅਤੇ ਫੀਲਡ ਸਟਾਫ ਨੂੰ ਇਸ ਮਹੀਨੇ ਦੇ ਅੰਤ ਤੱਕ ਟੀਕਾਕਰਨ ਮੁਹਿੰਮ ਨੂੰ ਪੂਰਾ ਕਰਨ ਦੇ ਨਿਰਦੇਸ਼ ਦਿੰਦੇ ਹੋਏ, ਪਸ਼ੂ ਪਾਲਣ ਮੰਤਰੀ ਨੇ ਕਿਹਾ ਇਸ ਮੁਹਿੰਮ ਦਾ ਉਦੇਸ਼ ਹੜ੍ਹਾਂ ਦੇ ਨੁਕਸਾਨ ਨਾਲ ਜੂਝ ਰਹੇ ਹਜ਼ਾਰਾਂ ਪਰਿਵਾਰਾਂ ਦੇ ਪਸ਼ੂਆਂ ਦੀ ਰਾਖੀ ਕਰਨਾ ਅਤੇ ਉਨ੍ਹਾਂ ਦੇ ਆਰਥਿਕ ਭਵਿੱਖ ਨੂੰ ਸੁਰੱਖਿਅਤ ਕਰਨਾ ਏ। ਜ਼ਿਕਰਯੋਗ ਏ ਕਿ ਇਸ ਪਹਿਲਕਦਮੀ ਵਿੱਚ ਅੰਮ੍ਰਿਤਸਰ, ਫਾਜ਼ਿਲਕਾ, ਫਿਰੋਜ਼ਪੁਰ, ਗੁਰਦਾਸਪੁਰ, ਹੁਸ਼ਿਆਰਪੁਰ, ਜਲੰਧਰ, ਕਪੂਰਥਲਾ, ਮੋਗਾ, ਪਠਾਨਕੋਟ, ਰੂਪਨਗਰ ਅਤੇ ਤਰਨਤਾਰਨ ਜ਼ਿਲ੍ਹਿਆਂ ਨੂੰ ਸ਼ਾਮਲ ਕੀਤਾ ਜਾ ਰਿਹਾ ਏ।

--------------------------------------------------------------------

ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਹਰਮੇਲ ਸਿੰਘ ਟੌਹੜਾ ਦਾ ਬੀਤੀ ਸ਼ਾਮ ਦੇਹਾਂਤ ਹੋ ਗਿਆ। ਉਹ ਪਿਛਲੇ ਕੁਝ ਦਿਨਾਂ ਤੋਂ ਬਿਮਾਰ ਚੱਲ ਰਹੇ ਸਨ ਤੇ ਉਨ੍ਹਾਂ ਮੋਹਾਲੀ ਦੇ ਇੱਕ

ਨਿੱਜੀ ਹਸਪਤਾਲ ਵਿੱਚ ਆਖ਼ਰੀ ਸਾਹ ਲਏ। ਉਹ ਮਰਹੂਮ ਜਥੇਦਾਰ ਗੁਰਚਰਨ ਸਿੰਘ ਟੌਹੜਾ ਦੇ ਦਾਮਾਦ ਸਨ। ਸਵਰਗੀ ਹਰਮੇਲ ਸਿੰਘ ਟੌਹੜਾ 1997 ਵਿਚ ਹਲਕਾ ਡਕਾਲਾ (ਹੁਣ ਸਨੌਰ) ਤੋਂ ਵਿਧਾਇਕ ਚੁਣੇ ਗਏ ਸਨ ਅਤੇ ਲੋਕ ਨਿਰਮਾਣ ਵਿਭਾਗ ਦੇ ਕੈਬਨਿਟ ਮੰਤਰੀ ਬਣੇ ਸਨ। ਟੌਹੜਾ ਦੇ ਅਕਾਲ ਚਲਾਣੇ ਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੇ ਹੋਰਨਾਂ ਨੇ ਦੁਖ ਪ੍ਰਗਟ ਕੀਤਾ ਏ।

------------------------------------------------------------------------

ਅੰਮ੍ਰਿਤਸਰ ਦੇ ਸਿਵਲ ਹਸਪਤਾਲ ਵਿੱਚ ਅੱਜ ਸਵੇਰੇ ਅੱਗ ਲੱਗ ਗਈ । ਅੱਗ ਬਲੱਡ ਬੈਂਕ ਦੇ ਸਟੋਰ ਰੂਮ ਵਿੱਚ ਲੱਗੀ, ਜਿੱਥੇ ਕੁਝ ਮਹੱਤਵਪੂਰਨ ਰਿਕਾਰਡ ਰੱਖਿਆ ਹੋਇਆ ਸੀ। ਸਮੇਂ ਸਿਰ ਸੁਰੱਖਿਆ ਮੁਲਾਜ਼ਮਾਂ ਅਤੇ ਹਸਪਤਾਲ ਸਟਾਫ ਦੀ ਹਿੰਮਤ ਕਾਰਨ ਵੱਡਾ ਹਾਦਸਾ ਟਲ ਗਿਆ। ਹਸਪਤਾਲ ਦੇ ਸਟਾਫ ਨੇ ਵੀ ਦੱਸਿਆ ਕਿ ਅੱਗ ਸ਼ਾਰਟ ਸਰਕਟ ਕਾਰਨ ਲੱਗੀ ਸੀ। ਸਿਵਲ ਹਸਪਤਾਲ ਦੇ ਐਸ.ਐਮ.ਓ. ਡਾਕਟਰ ਸਵਰਨਜੀਤ ਸਿੰਘ ਧਵਨ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਪੁਸ਼ਟੀ ਕੀਤੀ ਕਿ ਅੱਗ ਬਲੱਡ ਬੈਂਕ ਦੇ ਸਟੋਰ ਰੂਮ ਵਿੱਚ ਲੱਗੀ ਜਿੱਥੇ ਰਿਕਾਰਡ ਰੱਖਿਆ ਹੋਇਆ ਸੀ। ਉਨ੍ਹਾਂ ਨੇ ਕਿਹਾ ਕਿ ਹਸਪਤਾਲ ਦੇ ਕਰਮਚਾਰੀਆਂ ਅਤੇ ਸਕਿਉਰਟੀ ਮੁਲਾਜ਼ਮਾਂ ਨੇ ਹਿੰਮਤ ਦਿਖਾਈ ਤੇ ਅੱਗ ਤੇ ਕਾਬੂ ਪਾ ਲਿਆ ਗਿਆ। ਉਹਨਾਂ ਦੱਸਿਆ ਕਿ ਜਾਨੀ ਜਾਂ ਮਾਲੀ ਕੋਈ ਵੱਡਾ ਨੁਕਸਾਨ ਨਹੀਂ ਹੋਇਆ।

-----------------------------------------------------------------------
-

ਪ੍ਰਸਿੱਧ ਸੰਗੀਤਕਾਰ ਚਰਨਜੀਤ ਅਹੁਜਾ ਦਾ ਦੇਹਾਂਤ ਹੋ ਗਿਆ ਏ। ਉਹਨਾਂ ਦੇ ਸਭ ਤੋਂ ਛੋਟੇ ਬੇਟੇ ਕੁਸ਼ ਅਹੁਜਾ ਨੇ ਦੱਸਿਆ ਕਿ ਉਹ ਕਾਫੀ ਦੇਰ ਤੋਂ ਜ਼ੇਰੇ ਸਨ । ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਚਰਨਜੀਤ ਅਹੂਜਾ ਦੇ ਦੇਹਾਂਤ ਨੂੰ ਸੰਗੀਤ ਇੰਡਸਟਰੀ ਲਈ ਨਾ ਪੂਰਾ ਹੋਣ ਵਾਲਾ ਘਾਟਾ ਦੱਸਿਆ ਏ। ਇਕ ਸੋਸ਼ਲ ਮੀਡੀਆ ਪੋਸਟ ਵਿਚ ਉਨ੍ਹਾਂ ਕਿਹੈ ਕਿ ਅਹੂਜਾ ਸਾਬ੍

ਵੱਲੋਂ ਬਣਾਈਆਂ ਧੁਨਾਂ ਹਮੇਸ਼ਾ ਪੰਜਾਬੀਆਂ ਦੇ ਦਿਲਾਂ ‘ਤੇ ਰਾਜ ਕਰਦੀਆਂ ਰਹਿਣਗੀਆਂ। ਪੰਜਾਬ ਦੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਪ੍ਰਸਿੱਧ ਸੰਗੀਤਕਾਰ ਦੇ ਜਾਣ ਨਾਲ ਇੱਕ ਦੌਰ ਦਾ ਅੰਤ ਹੋਇਆ ਏ।

---------------------------------------------------------------------

ਭਾਰਤ ਨੇ ਏਸ਼ੀਆ ਕੱਪ ਦੇ ਸੁਪਰ-4 ਗੇੜ ਦੇ ਦੂਜੇ ਮੈਚ ਵਿਚ ਵਿੱਚ ਪਾਕਿਸਤਾਨ ਨੂੰ ਛੇ ਵਿਕਟਾਂ ਨਾਲ ਹਰਾ ਦਿੱਤਾ ਏ। ਕੱਲ੍ਹ ਦੁਬਈ ਇੰਟਰਨੈਸ਼ਨਲ ਕ੍ਰਿਕਟ ਸਟੇਡੀਅਮ ਵਿੱਚ ਖੇਡੇ ਗਏ ਮੈਚ ਵਿੱਚ ਪਹਿਲਾਂ ਬੱਲੇਬਾਜ਼ੀ ਕਰਦੇ ਹੋਏ, ਪਾਕਿਸਤਾਨ ਨੇ ਭਾਰਤ ਨੂੰ ਜਿੱਤ ਲਈ 172 ਦੌੜਾਂ ਦਾ ਟੀਚਾ ਦਿੱਤਾ। ਸਲਾਮੀ ਬੱਲੇਬਾਜ਼ ਅਭਿਸ਼ੇਕ ਸ਼ਰਮਾ ਅਤੇ ਸ਼ੁਭਮਨ ਗਿੱਲ ਵਿਚਕਾਰ ਸੈਂਕੜੇ ਵਾਲੀ ਸਾਂਝੇਦਾਰੀ ਦੀ ਬਦੌਲਤ, ਭਾਰਤ ਨੇ ਸੱਤ ਗੇਂਦਾਂ ਬਾਕੀ ਰਹਿੰਦਿਆਂ ਜਿੱਤ ਪ੍ਰਾਪਤ ਕੀਤੀ। ਇਸ ਜਿੱਤ ਨਾਲ ਭਾਰਤ ਦਾ ਨੈੱਟ ਰਨ ਰੇਟ ਬਿਹਤਰ ਹੋ ਗਿਆ ਏ ਅਤੇ ਉਸ ਨੂੰ ਖਿਤਾਬ ਦਾ ਮਜ਼ਬੂਤ ਦਾਅਵੇਦਾਰ ਮੰਨਿਆ ਜਾ ਰਿਹਾ ਏ।